# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 21-01-2025**

ਕਬਾਇਲੀ ਮਾਮਲਿਆਂ ਬਾਰੇ ਕੇਂਦਰੀ ਮੰਤਰਾਲਾ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਪ੍ਰਧਾਨ ਮੰਤਰੀ JAN-MAN 'ਤੇ DMs ਦੀ ਰਾਸ਼ਟਰੀ ਕਾਨਫਰੰਸ ਕਰਾ ਰਿਹਾ ਏ. ਕਬਾਇਲੀ ਮਾਮਲਿਆਂ ਬਾਰੇ ਮੰਤਰੀ ਜੁਆਲ ਓਰਾਮ ਅਤੇ ਕਬਾਇਲੀ ਮਾਮਲਿਆਂ ਬਾਰੇ ਰਾਜ ਮੰਤਰੀ ਦੁਰਗਾ-ਦਾਸ ਉਈਕੇ ਵੀ ਕਾਨਫਰੰਸ ਵਿੱਚ ਸ਼ਾਮਲ ਹੋ ਰਹੇ ਨੇ. ਕਾਨਫਰੰਸ ਦੌਰਾਨ, ਅਭਿਆਨ ਦੇ ਤਹਿਤ, ਛੇ ਮੁੱਖ ਖੇਤਰਾਂ ਦਿਹਾਤੀ ਵਿਕਾਸ (ਰਿਹਾਇਸ਼ ਅਤੇ ਸੜਕਾਂ), ਹੋਸਟਲ (ਸਕੂਲਾਂ), ਪੀਣ ਵਾਲੇ ਪਾਣੀ, ਆਂਗਨਵਾੜੀਆਂ ਦਾ ਸੰਚਾਲਨ, ਅਤੇ ਬਹੁ-ਉਦੇਸ਼ੀ ਕੇਂਦਰਾਂ ਦਾ ਸੰਚਾਲਨ ਸ਼ਾਮਲ ਏ ਕਾਨਫਰੰਸ ਦਾ ਉਦੇਸ਼ ਬਿਹਤਰੀਨ ਢੰਗ – ਤਰੀਕਿਆਂ ਨੂੰ ਸਾਂਝਾ ਕਰਨਾ ਅਤੇ ਉਹਨਾਂ ਜ਼ਿਲ੍ਹਿਆਂ ਵਿੱਚ ਪ੍ਰਗਤੀ ਦੀ ਸਹੂਲਤ ਦੇਣਾ ਏ ਜਿਨ੍ਹਾਂ ਵਿੱਚ ਸੁਧਾਰ ਦੀ ਠੋਸ ਸੰਭਾਵਨਾ ਏ । ਇਸ

ਨਾਲ ਇਹ ਪੱਕਾ ਕਰਦੇ ਹੋਏ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਦ੍ਰਿਸ਼ਟੀਕੋਣ ਅਨੁਸਾਰ, ਮਿਥੇ ਹੋਏ ਲਾਭ, ਆਖਰੀ ਮੀਲ ਤੱਕ ਪਹੁੰਚਣ, ਮਿਸ਼ਨ ਦੇ ਉਦੇਸ਼ਾਂ ਨੂੰ ਤੇਜ਼ੀ ਨਾਲ ਪੂਰਾ ਕੀਤਾ ਜਾਣ ਨੂੰ ਯਕੀਨੀ ਬਣਾਇਆ ਜਾਏਗਾ

---------------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹੈ ਕਿ ਸੰਗੀਤ ਸੱਭਿਆਚਾਰਾਂ ਅਤੇ ਸੱਭਿਅਤਾਵਾਂ ਨੂੰ ਅੱਗੇ ਲਿਜਾਣ ਦਾ ਇੱਕ ਵਧੀਆ ਮਾਧਿਅਮ ਏ ਅਤੇ ਭਾਸ਼ਾ ਦੀਆਂ ਰੁਕਾਵਟਾਂ ਤੋਂ ਉਪਰ ਏ। ਇਹ ਹਮੇਸ਼ਾ ਖੁਸ਼ੀਆਂ ਫੈਲਾਉਂਦਾ ਏ। ਬੀਤੀ ਸ਼ਾਮ ਪੰਜਾਬ ਰਾਜ ਭਵਨ ਵਿਖੇ ਇੱਕ ਸੰਗੀਤਕ ਸ਼ਾਮ ਦੌਰਾਨ ਪੰਜਾਬ ਦੇ ਕਲਾਕਾਰਾਂ ਨਾਲ ਪੇਸ਼ਕਾਰੀ ਕਰਨ ਵਾਲੇ ਕਜ਼ਾਕਿਸਤਾਨ ਦੇ ਕਲਾਕਾਰਾਂ ਦਾ ਸਵਾਗਤ ਕਰਦਿਆਂ ਰਾਜਪਾਲ ਨੇ ਕਿਹਾ ਕਿ ਪੰਜਾਬ ਇੱਕ ਅਜਿਹੀ ਧਰਤੀ ਏ ਜਿਸ ਨੇ ਮਹਾਨ ਕੁਰਬਾਨੀਆਂ ਦਿੱਤੀਆਂ ਨੇ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਮਹਾਨ ਸੱਭਿਆਚਾਰਕ ਵਿਰਾਸਤ ਵੀ ਦਿੱਤੀ ਏ।ਪੰਜਾਬੀ ਅਤੇ ਕਜ਼ਾਖ ਸੱਭਿਆਚਾਰਾਂ ਦੇ ਸੁਮੇਲ ਨੂੰ ਦਰਸਾਉਂਦੀ ਸੱਭਿਆਚਾਰਕ ਸ਼ਾਮ ਦਾ ਆਯੋਜਨ ਰਾਜ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਵੱਲੋਂ ਅੰਤਰਰਾਸ਼ਟਰੀ ਦੋਸਤੀ ਅਤੇ ਸੱਭਿਆਚਾਰਕ ਅਦਾਨ-ਪ੍ਰਦਾਨ ਨੂੰ

ਮਨਾਉਣ ਲਈ ਕੀਤਾ ਗਿਆ। ਸਬੰਧਤ ਵਿਭਾਗ ਦੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਇਹ ਪਹਿਲਕਦਮੀ ਵਿਸ਼ਵ ਪੱਧਰ 'ਤੇ ਆਪਣੀ ਸੈਰ-ਸਪਾਟਾ ਸਮਰੱਥਾ ਨੂੰ ਦਰਸਾਉਂਦੇ ਹੋਏ ਅੰਤਰ-ਸੱਭਿਆਚਾਰਕ ਸਬੰਧਾਂ ਨੂੰ ਵਧਾਉਣ ਲਈ ਪੰਜਾਬ ਦੀ ਵਚਨਬੱਧਤਾ ਨੂੰ ਦਰਸਾਉਂਦੀ ਏ। ਉਨ੍ਹਾਂ ਨੇ ਦੁਨੀਆ ਭਰ ਦੇ ਲੋਕਾਂ ਨੂੰ ਪੰਜਾਬ ਦੀ ਸੁੰਦਰਤਾ ਅਤੇ ਵਿਭਿੰਨਤਾ ਨੂੰ ਖੋਜਣ ਦਾ ਸੱਦਾ ਵੀ ਦਿੱਤਾ।

--------------------------------------------------------------------------------

ਪੰਜਾਬ ਪੁਲਿਸ ਨੇ ਆਉਂਦੇ ਗਣਤੰਤਰ ਦਿਵਸ ਜਸ਼ਨਾਂ ਦੇ ਮੱਦੇਨਜ਼ਰ ਸੂਬੇ ਭਰ ਵਿੱਚ ਸੁਰੱਖਿਆ ਪ੍ਰਬੰਧਾਂ ਨੂੰ ਤੇਜ਼ ਕਰ ਦਿੱਤਾ ਏ ਅਤੇ ਰਾਤ ਦੇ ਸਮੇਂ ਇਲਾਕੇ’ਚ ਦਬਦਬਾ ਬਣਾਉਣ ਦੀ ਮੁਹਿੰਮ ਤੇਜ਼ ਕਰ ਦਿੱਤੀ ਏ।ਬਾਰਡਰ ਰੇਂਜ ਅੰਮ੍ਰਿਤਸਰ ਅਤੇ ਗੁਰਦਾਸਪੁਰ ਤੋਂ ਇਲਾਵਾ ਜਲੰਧਰ ਅਤੇ ਲੁਧਿਆਣਾ ਪੁਲਿਸ ਰੇਂਜਾਂ ਦੇ ਸੀਨੀਅਰ ਪੁਲਿਸ ਅਧਿਕਾਰੀਆਂ ਨਾਲ ਅਮਨ – ਕਨੂੰਨ ਦੀ ਸਥਿਤੀ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਰਾਜ ਪੁਲਿਸ ਮੁਖੀ ਗੌਰਵ ਯਾਦਵ ਨੇ ਉਨ੍ਹਾਂ ਨੂੰ ਗਣਤੰਤਰ ਦਿਵਸ ਤੋਂ ਪਹਿਲਾਂ ਸਾਰੀਆਂ ਅਹਿਮ ਰਣਨੀਤਕ ਥਾਵਾਂ 'ਤੇ ਪੁਲਿਸ ਦੀ ਮੌਜੂਦਗੀ ਨੂੰ ਯਕੀਨੀ ਬਣਾ ਕੇ ਸ਼ਾਂਤੀ ਅਤੇ ਸਦਭਾਵਨਾ ਬਣਾਈ ਰੱਖਣ

ਅਤੇ ਜਾਸੂਸੀ ਤੇ ਹੋਰ ਰੋਕਥਾਮ ਉਪਾਅ ਕਰਨ ਲਈ ਕਿਹਾ। ਸ੍ਰੀ ਯਾਦਵ ਨੇ ਪੁਲਿਸ ਅਧਿਕਾਰੀਆਂ ਨੂੰ ਲੁੱਕ ਆਉਟ ਸਰਕੂਲਰ, ਰੈੱਡ ਕਾਰਨਰ ਨੋਟਿਸ, ਓਪਨ ਅਰੇਸਟ ਵਾਰੰਟ, ਬਲੂ ਕਾਰਨਰ ਨੋਟਿਸ ਅਤੇ ਹਵਾਲਗੀ ਤਜਵੀਜ਼ਾਂ ਜਾਰੀ ਕਰਕੇ ਵਿਦੇਸ਼ਾਂ ਤੋਂ ਲੋੜੀਂਦੇ ਅਪਰਾਧੀਆਂ ਨੂੰ ਵਾਪਸ ਲਿਆਉਣ ਅਤੇ ਓਹਨਾ 'ਤੇ ਕਾਨੂੰਨੀ ਕਾਰਵਾਈ ਕਰਨ ‘ਤੇ ਧਿਆਨ ਦੇਣ ਲਈ ਕਿਹਾ।

-----------------------------------------------------------------------

ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨੇ ਦੱਸਿਆ ਕਿ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ) ਕੋਲੇ ਦੀ ਨਿਯਮਤ ਅਤੇ ਲੋੜੀਂਦੀ ਸਪਲਾਈ ਨੂੰ ਯਕੀਨੀ ਬਣਾ ਰਿਹਾ ਏ, ਜਿਸ ਦੇ ਨਤੀਜੇ ਵਜੋਂ ਤਿੰਨੋਂ ਸਰਕਾਰੀ ਥਰਮਲ ਪਲਾਂਟਾਂ ਵਿੱਚ ਸਟਾਕ ਦਾ ਚੰਗਾ ਪ੍ਰਬੰਧ ਏ। ਉਨ੍ਹਾਂ ਕਿਹਾ ਕਿ ਬਿਜਲੀ ਨਿਗਮ ਵੱਲੋਂ ਆਉਣ ਵਾਲੇ ਝੋਨੇ ਦੇ ਸੀਜ਼ਨ ਦੌਰਾਨ ਲੋੜ ਅਨੁਸਾਰ ਕੋਲੇ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਨੇ। ਬਿਜਲੀ ਮੰਤਰੀ ਨੇ ਕਿਹਾ ਕਿ ਬਿਜਲੀ ਨਿਗਮ ਵੱਲੋਂ 19 ਜਨਵਰੀ, 2025 ਤੱਕ 6 ਕਰੋੜ 60 ਲੱਖ ਤੋਂ ਵਧ ਯੂਨਿਟਾਂ ਦੀ

ਰਿਕਾਰਡ ਬਿਜਲੀ ਸਪਲਾਈ ਕੀਤੀ ਗਈ ਏ, ਜੋ ਪਿਛਲੇ ਸਾਲ ਦੀ ਇਸੇ ਮਿਆਦ ਦੇ ਮੁਕਾਬਲੇ 13 ਫੀਸਦੀ ਜ਼ਿਆਦਾ ਏ। ਉਨ੍ਹਾਂ ਕਿਹਾ ਕਿ ਇਹ ਅਹਿਮ ਪ੍ਰਾਪਤੀ ਬਿਜਲੀ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਪੰਜਾਬ ਦੇ ਲੋਕਾਂ ਅਤੇ ਸਨਅਤਾਂ ਦੀਆਂ ਵੱਧ ਰਹੀਆਂ ਬਿਜਲੀ ਮੰਗਾਂ ਨੂੰ ਪੂਰਾ ਕਰਨ ਲਈ PS-PCL ਵੱਲੋਂ ਕੀਤੇ ਜਾ ਰਹੇ ਯਤਨਾਂ ਨੂੰ ਦਰਸਾਉਂਦਾ ਏ।

------------------------------------------------------------

ਮਹਿਲਾਵਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਦੇ ਮੰਤਵ ਨਾਲ ਜਲੰਧਰ 'ਚ ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਭਲਾਈ ਵਿਭਾਗ ਵੱਲੋਂ 23 ਜਨਵਰੀ ਨੂੰ ਸਥਾਨਕ ਰੈੱਡ ਕਰਾਸ ਭਵਨ ਵਿਖੇ ਜਾਗਰੂਕਤਾ ਕੈਂਪ ਲਾਇਆ ਜਾ ਰਿਹਾ ਏ. ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਮਨਜਿੰਦਰ ਸਿੰਘ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਾਗਰੂਕਤਾ ਕੈਂਪ ਦੌਰਾਨ ਸਿਵਲ ਹਸਪਤਾਲ ਦੇ ਡਾਕਟਰਾਂ ਦੀ ਟੀਮ ਵੱਲੋਂ ਮੈਡੀਕਲ ਜਾਂਚ ਕੈਂਪ ਲਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਮਹਿਲਾਵਾਂ ਨੂੰ ਪੌਸ਼ਟਿਕ ਖੁਰਾਕ, ਯੋਗਾ ਅਭਿਆਸ ਅਤੇ ਸਿਹਤ ਸਬੰਧੀ ਵੱਖ-ਵੱਖ

ਪਹਿਲੂਆਂ ਬਾਰੇ ਜਾਗਰੂਕ ਕੀਤਾ ਜਾਏਗਾ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਨੇ ਦੱਸਿਆ ਕਿ ਕੈਂਪ ਦੌਰਾਨ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਬਾਰੇ ਜਾਣਕਾਰੀ ਵੀ ਦਿੱਤੀ ਜਾਵੇਗੀ। ਉਨ੍ਹਾਂ ਮਹਿਲਾਵਾਂ ਨੂੰ ਇਸ ਕੈਂਪ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ ।

---------------------------------------------------------------------------

ਵੈਸਟਰਨ ਡਿਸਟਰਬੈਂਸ ਸਰਗਰਮ ਹੋਣ ਤੋਂ ਬਾਅਦ ਇਸ ਦਾ ਅਸਰ ਪੰਜਾਬ ਵਿਚ ਵੀ ਦਿਖਾਈ ਦੇਣ ਲੱਗਾ ਏ । ਸੋਮਵਾਰ ਨੂੰ ਦਰਮਿਆਨੇ ਬੱਦਲ ਛਾਏ ਰਹੇ ਤੇ ਅੱਜ ਵੀ ਅਜਿਹਾ ਹੀ ਮੌਸਮ ਰਹਿਣ ਦੀ ਸੰਭਾਵਨਾ ਏ । ਮੌਸਮ ਕੇਂਦਰ ਅਨੁਸਾਰ ਅੱਜ ਪੰਜਾਬ ਦੇ ਮੈਦਾਨੀ ਇਲਾਕਿਆਂ ਵਿੱਚ ਤਾਪਮਾਨ ਵਿੱਚ ਬਹੁਤਾ ਬਦਲਾਅ ਨਹੀਂ ਹੋਵੇਗਾ । ਮੌਸਮ ਵਿਗਿਆਨ ਕੇਂਦਰ ਨੇ ਅੱਜ ਪੰਜਾਬ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ ਏ । 23 ਤੇ 24 ਜਨਵਰੀ ਨੂੰ ਸੰਘਣੀ ਧੁੰਦ ਲਈ ਯੈਲੋ ਅਲਰਟ ਜਾਰੀ ਕੀਤਾ ਗਿਆ ਏ ।